ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 15 ਸਤੰਬਰ 2025 ਦਿਨ ਸੋਮਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਗ਼ਜ਼ਲ ਮੰਚ ਸਰੀ ਵੱਲੋਂ ਸ਼ਾਇਰ ਕਰਨਜੀਤ ਸਿੰਘ ਨਾਲ ਵਿਸ਼ੇਸ਼ ਮਿਲਣੀ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਸਰੀ, 15 ਸਤੰਬਰ : ਬੀਤੇ ਦਿਨ ਗ਼ਜ਼ਲ ਮੰਚ ਸਰੀ ਵੱਲੋਂ ਨਕੋਦਰ (ਪੰਜਾਬ) ਤੋਂ ਆਏ ਸ਼ਾਇਰ ਕਰਨਜੀਤ ਸਿੰਘ ਨਾਲ ਵਿਸ਼ੇਸ਼ ਮਹਿਫ਼ਿਲ ਰਚਾਈ ਗਈ। ਮੰਚ ਦੇ ਜਨਰਲ ਸਕੱਤਰ ਦਵਿੰਦਰ ਗੌਤਮ ਨੇ ਕਰਨਜੀਤ ਸਿੰਘ ਨੂੰ ਜੀ ਆਇਆਂ ਕਿਹਾ ਅਤੇ ਉਸ ਬਾਰੇ ਸੰਖੇਪ ਜਾਣਕਾਰੀ ਮੰਚ ਦੇ ਮੈਂਬਰਾਂ ਨਾਲ ਸਾਂਝੀ ਕੀਤੀ।

ਕਰਨਜੀਤ ਸਿੰਘ ਨੇ ਆਪਣੇ ਸਾਹਿਤਕ ਸਫ਼ਰ ਬਾਰੇ ਸੰਖੇਪ ਗੱਲਬਾਤ ਕੀਤੀ। ਉਸ ਨੇ ਵਿਸ਼ੇਸ਼ ਤੌਰ 'ਤੇ ਜਸਵਿੰਦਰ ਦੇ ਗ਼ਜ਼ਲ ਸੰਗ੍ਰਿਹ 'ਕੱਕੀ ਰੇਤ ਦੇ ਵਰਕੇ' ਦਾ ਜ਼ਿਕਰ ਕਰਦਿਆਂ ਦੱਸਿਆ ਕਿ ਇਸ ਪੁਸਤਕ ਵਿਚਲੀਆਂ ਗ਼ਜ਼ਲਾਂ ਪੜ੍ਹ ਕੇ ਹੀ ਉਸ ਨੂੰ ਅਸਲ ਵਿਚ ਗ਼ਜ਼ਲ ਵਿਚਲੀ ਖ਼ਿਆਲ ਉਡਾਰੀ ਅਤੇ ਗਹਿਰਾਈ ਬਾਰੇ ਸਮਝ ਲੱਗੀ। ਉਸ ਨੇ ਨਕੋਦਰ ਦੇ ਨਾਮਵਰ ਸ਼ਾਇਰ ਹਰਦਿਆਲ ਸਾਗਰ ਵੱਲੋਂ ਮਿਲੀ ਹੱਲਾਸ਼ੇਰੀ ਅਤੇ ਉਸ ਇਲਾਕੇ ਦੀਆਂ ਸਾਹਿਤਕ ਸਰਗਰਮੀਆਂ ਦਾ ਵੀ ਜ਼ਿਕਰ ਕੀਤਾ। ਇਸ ਮੌਕੇ ਉਸ ਨੇ ਆਪਣੀਆਂ ਦੋ ਗ਼ਜ਼ਲਾਂ ਤਰੰਨੁਮ ਪੇਸ਼ ਕਰ ਕੇ ਮੰਚ ਦੇ ਮੈਂਬਰਾਂ ਤੋਂ ਢੁਢ ਦਾਦ ਹਾਸਲ ਕੀਤੀ।

ਮੰਚ ਦੇ ਸ਼ਾਇਰ ਦਸ਼ਮੇਸ਼ ਗਿੱਲ ਫ਼ਿਰੋਜ਼ ਵੱਲੋਂ ਕਰਨਜੀਤ ਸਿੰਘ ਨੂੰ ਆਪਣੀ ਉਰਦੂ ਗ਼ਜ਼ਲਾਂ ਦੀ ਪੁਸਤਕ ਭੇਟ ਕੀਤੀ ਗਈ। ਇਸ ਮਹਿਫ਼ਿਲ ਵਿਚ ਮੰਚ ਦੇ ਪ੍ਰਧਾਨ ਜਸਵਿੰਦਰ, ਰਾਜਵੰਤ ਰਾਜ, ਦਸ਼ਮੇਸ਼ ਗਿੱਲ ਫ਼ਿਰੋਜ਼ ਨੇ ਵੀ ਆਪਣੀਆਂ ਗ਼ਜ਼ਲਾਂ ਨਾਲ ਹਾਜ਼ਰੀ ਲੁਆਈ। ਅੰਤ ਵਿਚ ਪ੍ਰਧਾਨ ਜਸਵਿੰਦਰ ਨੇ ਕਰਨਜੀਤ ਸਿੰਘ ਅਤੇ ਮੰਚ ਦੇ ਮੈਂਬਰਾਂ ਦਾ ਧੰਨਵਾਦ ਕੀਤਾ।

ਜੋਤੀ ਮਾਡਲ ਸੀਨੀ. ਸੈਕੰ. ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ 'ਚ ਮਾਰੀਆਂ ਮੱਲ੍ਹਾਂ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 15 ਸਤੰਬਰ : ਸਕੂਲ ਸਿੱਖਿਆ ਵਿਭਾਗ ਦੁਆਰਾ ਕਰਵਾਈਆਂ ਜਾ ਰਹੀਆਂ 69ਵੀਆਂ ਪੰਜਾਬ ਰਾਜ ਜਿਲ੍ਹਾ ਪੱਧਰੀ ਸਕੂਲ ਖੇਡਾਂ 2025-26 ਵਿੱਚ ਜੋਤੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਸਕੂਲ ਪ੍ਰਿੰਸੀਪਲ ਸ੍ਰੀਮਤੀ ਰੇਨੂੰ ਮੈਡਮ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਸ਼ਾਨਦਾਰ ਮੱਲਾਂ ਮਾਰਦਾ ਰਿਹਾ ਹੈ। ਪਿਛਲੇ ਕੁਝ ਸਮੇਂ ਤੋਂ ਸਕੂਲੀ ਪੱਧਰ ਤੇ ਜੋਨਲ ਅਤੇ ਜਿਲ੍ਹਾ ਪੱਧਰ ਖੇਡ ਮੁਕਾਬਲੇ ਚਲ ਰਹੇ ਸਨ। ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਬਹੁਤ ਸਾਰੀਆਂ ਖੇਡਾਂ ਜਿਵੇਂ ਕਿ ਬੈਡਮਿੰਟਨ, ਸ਼ਤਰੰਜ, ਜੂਡੋ, ਕਿੱਕ ਬਾਕਸਿੰਗ, ਬਾਸਕਿਟਬਾਲ, ਯੋਗਾ, ਸਕੂਮੈਸ਼ ਅਤੇ ਰੱਸਾ-ਕਸ਼ੀ ਖੇਡਾਂ ਵਿੱਚ ਭਾਗ ਲਿਆ। ਵਿਦਿਆਰਥੀਆਂ ਨੇ ਵਧੀਆ ਖੇਡ ਦਾ ਪ੍ਰਦਰਸ਼ਨ ਕਰਦਿਆ ਹੋਇਆਂ ਇਨ੍ਹਾਂ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤਾਂ ਪ੍ਰਾਪਤ ਕੀਤੀਆਂ ਹਨ। ਇਨ੍ਹਾਂ ਸ਼ਾਨਦਾਰ ਜਿੱਤਾਂ ਕਰਕੇ ਕੁਝ ਵਿਦਿਆਰਥੀ ਸਟੇਟ ਪੱਧਰ 'ਤੇ ਹੋਣ ਵਾਲੇ ਖੇਡ ਮੁਕਾਬਲੇ ਵਿੱਚ ਹਿੱਸਾ ਲੈਣ ਜਾ ਰਹੇ ਹਨ। ਜਿਲ੍ਹਾ ਪੱਧਰ 'ਤੇ ਯੋਗਾ ਅੰਡਰ-19 ਲੜਕੀਆਂ ਵਿੱਚ ਕੋਮਲਦੀਪ ਕੌਰ ਪੁੱਤਰੀ ਅਵਤਾਰ ਸਿੰਘ, ਕਮਲਦੀਪ ਕੌਰ ਪੁੱਤਰੀ ਰਾਮ ਸਿੰਘ, ਨਵਜੋਤ ਕੌਰ ਪੁੱਤਰੀ ਵਰਿੰਦਰ ਸਿੰਘ, ਲਵਨਿਆ ਗਰਗ ਪੁੱਤਰੀ ਮਨੀਸ਼ ਗਰਗ ਅਤੇ ਸੁਖਪ੍ਰੀਤ ਕੌਰ ਪੁੱਤਰੀ ਸੁਰਜੀਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਗਮਾ ਹਾਸਲ ਕੀਤਾ ਅਤੇ ਯੋਗਾ ਅੰਡਰ-17 ਲੜਕੀਆਂ ਵਿੱਚ ਮਨਮੀਤ ਕੌਰ ਪੁੱਤਰੀ ਬਲਜਿੰਦਰ ਸਿੰਘ, ਅਕਾਂਸ਼ੀ ਪੁੱਤਰੀ ਵਿਜੇ ਕੁਮਾਰ ਅਤੇ ਸ਼ਿਸ਼ਟੀ ਪੁੱਤਰੀ ਹਰਦੀਪ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕਰ ਕੇ ਕਾਂਸੀ ਤਗਮਾ ਹਾਸਲ ਕੀਤਾ। ਸ਼ਤਰੰਜ ਅੰਡਰ-19 ਲੜਕੀਆਂ ਵਿੱਚ ਅਕਾਂਸ਼ਾ ਪਾਂਡੇ ਪੁੱਤਰੀ ਜਨਾਰਦਨ ਪਾਂਡੇ, ਕੋਮਲ ਪੁੱਤਰੀ ਵਿਸ਼ਾਲ, ਸਿਮਰਜੀਤ ਕੌਰ ਪੁੱਤਰੀ ਅੰਗਰੇਜ਼ ਸਿੰਘ, ਅਨੁਰੀਤ ਕੌਰ ਪੁੱਤਰੀ ਬਲਤੇਜ ਸਿੰਘ ਅਤੇ ਸਿਮਰਨ ਕੌਰ ਪੁੱਤਰੀ ਸਤਨਾਮ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕਰ ਕੇ ਚਾਂਦੀ ਤਗਮਾ ਹਾਸਲ ਕੀਤਾ। ਜੂਡੋ ਵਿੱਚ ਅੰਡਰ-19 ਲੜਕੀਆਂ 'ਚ ਕਰਨਜੋਤੀ ਪੁੱਤਰੀ ਬੂਟਾ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕਰ ਕੇ ਸੋਨ ਤਗਮਾ, ਕੋਮਲਦੀਪ ਕੌਰ ਪੁੱਤਰੀ ਅਵਤਾਰ ਸਿੰਘ ਅਤੇ ਕਮਲਦੀਪ ਕੌਰ ਪੁੱਤਰੀ ਰਾਮ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕਰ ਕੇ ਚਾਂਦੀ ਤਗਮਾ ਹਾਸਲ ਕੀਤਾ। ਜੂਡੋ ਅੰਡਰ 17 ਲੜਕੀਆਂ ਵਿੱਚ ਮਨਮੀਤ ਕੌਰ ਪੁੱਤਰੀ ਬਲਜਿੰਦਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਗਮਾ ਹਾਸਲ ਕੀਤਾ, ਲਵਜੋਤ ਕੌਰ ਪੁੱਤਰੀ ਲਵਲੀ ਰਾਜਾ ਅਤੇ ਜਸਮੀਤ ਕੌਰ ਪੁੱਤਰੀ ਜਸਵਿੰਦਰ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕਰ ਕੇ ਚਾਂਦੀ ਤਗਮਾ ਹਾਸਲ ਕੀਤਾ। ਜੂਡੋ ਅੰਡਰ 14 ਲੜਕੀਆਂ ਵਿੱਚ ਪਵਨਦੀਪ ਕੌਰ ਪੁੱਤਰੀ ਰਾਮ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਗਮਾ ਹਾਸਲ ਕੀਤਾ। ਵਿਦਿਆਰਥੀਆਂ ਦੇ ਇਸ ਚੰਗੇ ਪ੍ਰਦਰਸ਼ਨ ਦੇ ਵਿੱਚ ਉਹਨਾਂ ਦੇ ਡੀ.ਪੀ.ਈ. ਮਨੋਜ ਭਨਿਆਰ ਅਤੇ ਕੋਚ ਉਮੇਸ਼ ਕੰਵਲ ਦਾ ਵੀ ਅਹਿਮ ਯੋਗਦਾਨ ਹੈ। ਪ੍ਰਿੰਸੀਪਲ ਮੈਡਮ ਨੇ ਕਾਮਨਾ ਕੀਤੀ ਕਿ ਜਿਵੇਂ ਵਿਦਿਆਰਥੀਆਂ ਨੇ ਜਿਲ੍ਹਾ ਪੱਧਰ 'ਤੇ ਮੱਲਾਂ ਮਾਰੀਆਂ ਹਨ, ਉਸੇ ਤਰ੍ਹਾਂ ਸਟੇਟ ਪੱਧਰ ਦੇ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਜਿੱਤਾਂ ਪ੍ਰਾਪਤ ਕਰਕੇ ਸਕੂਲ ਅਤੇ ਜਿਲ੍ਹੇ ਦਾ ਨਾਮ ਰੋਸ਼ਨ ਕਰਨਗੇ। ਉਨ੍ਹਾਂ ਇਸ ਖੁਸ਼ੀ ਦੇ ਮੌਕੇ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

ਰੋਟਰੀ ਕਲੱਬ ਨੇ ਗੁਰੂ ਗੋਬਿੰਦ ਸਿੰਘ ਸਰਕਾਰੀ ਮੈਡੀਕਲ ਹਸਪਤਾਲ ਨੂੰ 125 ਬੈੱਡਸ਼ੀਟਜ਼, 25 ਬੇਬੀ ਕੰਬਲ ਦਾਨ 'ਚ ਦਿੱਤੇ

200 ਦਿਨ ਬੱਚਾ ਵਾਰਡ 'ਚ ਦਾਖਲ ਬੱਚਿਆਂ ਤੇ ਮਦਰਜ਼ ਨੂੰ ਮਿਲੇਗਾ ਰੋਟਰੀ ਕਲੱਬ ਵੱਲੋਂ ਪੀਣ ਵਾਸਤੇ ਦੁੱਧ

ਵਰਲਡ ਪੰਜਾਬੀ ਟਾਈਮਜ਼
ਧਰਮ ਪ੍ਰਵਾਨਾ

ਫ਼ਰੀਦਕੋਟ, 15 ਸਤੰਬਰ : ਲੋੜਵੰਦਾਂ ਦੀ ਸੇਵਾ ਨੂੰ ਹਮੇਸ਼ਾ ਮੋਹਰੀ ਰਹਿ ਕੇ ਕਰਨ ਵਾਲੇ ਰੋਟਰੀ ਕਲੱਬ ਫ਼ਰੀਦਕੋਟ ਵੱਲੋਂ ਸਥਾਨਕ ਗੁਰੂ ਗੋਬਿੰਦ ਸਿੰਘ ਸਰਕਾਰੀ ਮੈਡੀਕਲ ਹਸਪਤਾਲ ਫ਼ਰੀਦਕੋਟ ਦੇ ਬੱਚਿਆਂ ਦੇ ਵਾਰਡ ਲਈ 125 ਬੈੱਡਸ਼ੀਟਜ ਅਤੇ 25 ਬੇਬੀ ਕੰਬਲ ਬੱਚਿਆਂ ਦੇ ਵਾਰਡ ਦੇ ਮੁਖੀ, ਬੱਚਿਆਂ ਦੇ ਮਾਹਰ ਡਾ.ਸ਼ਸ਼ੀਕਾਂਤ ਧੀਰ ਦੀ ਮੰਗ ਅਨੁਸਾਰ ਹਸਪਤਾਲ ਨੂੰ ਭੇਟ ਕੀਤੇ ਗਏ। ਇਸ ਮੌਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਸਰਕਾਰੀ ਹਸਪਤਾਲ 'ਚ ਦਾਖਲ ਬੱਚਿਆਂ ਅਤੇ ਉਨ੍ਹਾਂ ਦੀ ਮਦਰਜ਼ ਨੂੰ ਪਿਲਾਉਣ ਲਈ 200 ਦਿਨ ਦੁੱਧ ਦੀ ਸੇਵਾ ਕੀਤੀ ਜਾਵੇਗੀ। ਇਹ ਜਾਣਕਾਰੀ ਹਸਪਤਾਲ 'ਚ ਕੀਤੇ ਸਾਦਾ ਸਮਾਗਮ ਦੌਰਾਨ, ਮੈਡੀਕਲ ਸੁਪਰਡੈਂਟ ਡਾ.ਨੀਤੂ ਕੱਕੜ ਦੀ ਹਾਜ਼ਰੀ 'ਚ ਰੋਟਰੀ ਕਲੱਬ ਦੇ ਪ੍ਰਧਾਨ ਅਸ਼ਵਨੀ ਬਾਂਸਲ ਨੇ ਦਿੱਤੀ। ਉਨ੍ਹਾਂ ਦੱਸਿਆ ਇਸ ਤੋਂ ਪਹਿਲਾਂ ਵੀ ਰੋਟਰੀ ਕਲੱਬ ਫ਼ਰੀਦਕੋਟ ਵੱਲੋਂ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦੇ ਵੱਖ-ਵੱਖ ਵਾਰਡਾਂ ਅੰਦਰ ਮਰੀਜ਼ਾਂ ਅਤੇ ਉਨ੍ਹਾਂ ਦੇ ਵਾਰਿਸਾਂ ਦੀ ਭਲਾਈ ਵਾਸਤੇ ਪ੍ਰੋਜੈਕਟ ਕਰਦਿਆਂ ਏ.ਸੀ, ਅਲਮਾਰੀਆਂ, ਵਾਟਰ ਕੂਲਰ, ਪੱਖਿਆਂ ਦੀ ਸੇਵਾ ਕੀਤੀ ਜਾ ਚੁੱਕੀ ਹੈ ਅਤੇ ਭਵਿੱਖ 'ਚ ਵੀ ਇਹ ਸੇਵਾ ਜਾਰੀ ਰਹੇਗੀ। ਉਨ੍ਹਾਂ ਦੱਸਿਆ ਅੱਜ ਬੈਡਸ਼ੀਟਾਂ, ਬੇਬੀ ਕੰਬਲ ਦੀ ਸੇਵਾ ਸ੍ਰੀਮਤੀ ਜਸਵੀਰ ਕੌਰ ਕੁਰਲੀ ਅਤੇ ਦੁੱਧ ਦੀ ਸੇਵਾ ਸੁਨੀਲ ਕੁਮਾਰ ਗਾਂਧੀ ਦੇ ਵੱਡਮੁੱਲੇ ਸਹਿਯੋਗ ਸਦਕਾ ਕੀਤੀ ਜਾ ਰਹੀ ਹੈ।

ਇਸ ਮੌਕੇ ਗੁਰੂ ਗੋਬਿੰਦ ਸਿੰਘ ਸਰਕਾਰੀ ਮੈਡੀਕਲ ਹਸਪਤਾਲ ਫ਼ਰੀਦਕੋਟ ਦੇ ਮੈਡੀਕਲ ਸੁਪਰਡੈਂਟ ਡਾ.ਨੀਤੂ ਕੱਕੜ ਨੇ ਰੋਟਰੀ ਕਲੱਬ ਫ਼ਰੀਦਕੋਟ ਦੀ ਪਹੁੰਚੀ ਟੀਮ ਨੂੰ ਜੀ ਆਇਆਂ ਨੂੰ ਆਖਦਿਆਂ ਕਿਹਾ ਰੋਟਰੀ ਕਲੱਬ ਹਮੇਸ਼ਾ ਹਸਪਤਾਲ ਅਤੇ ਮਰੀਜ਼ਾਂ ਦੀ ਸੇਵਾ ਵਾਸਤੇ ਸ਼ਲਾਘਾਯੋਗ ਕੰਮ ਕਰਦਾ ਹੈ। ਉਨ੍ਹਾਂ ਕਿਹਾ ਲੋੜਵੰਦ ਮਰੀਜ਼ਾਂ ਦੀ ਸੇਵਾ ਸਭ ਤੋਂ ਉੱਤਮ ਸੇਵਾ ਹੈ। ਸਾਨੂੰ ਸਭ ਨੂੰ ਆਪੋ-ਆਪਣੀ ਸਮਰੱਥਾ ਅਨੁਸਾਰ ਹਮੇਸ਼ਾ ਲੋੜਵੰਦ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਬੱਚਾ ਵਿਭਾਗ ਦੇ ਡਾ.ਸ਼ਸ਼ੀਕਾਂਤ ਧੀਰ ਨੇ ਦੱਸਿਆ ਕਿ ਰੋਟਰੀ ਕਲੱਬ ਹਮੇਸ਼ਾ ਖਾਸ ਕਰਕੇ ਬੱਚਾ ਵਿਭਾਗ ਅੰਦਰ ਆਪਣੀ ਸੇਵਾਵਾਂ ਪ੍ਰਦਾਨ ਕਰਦਾ ਹੈ। ਇਸ ਲਈ ਅਸੀਂ ਕਲੱਬ ਦੇ ਧੰਨਵਾਦੀ ਹਾਂ। ਇਸ ਮੌਕੇ ਡਾ.ਵਰੁਣ ਕੌਲ, ਰੋਟਰੀ ਕਲੱਬ ਫ਼ਰੀਦਕੋਟ ਦੇ ਸੀਨੀਅਰ ਮੈਂਬਰ ਭਾਰਤ ਭੂਸ਼ਨ ਸਿੰਗਲਾ, ਨਵੀਸ਼ ਛਾਬੜਾ, ਇੰਜ.ਜੀਤ ਸਿੰਘ, ਅਰਵਿੰਦ ਛਾਬੜਾ, ਸੰਜੀਵ ਗਰਗ ਵਿੱਕੀ, ਸਟੇਟ ਐਵਾਰਡੀ ਕੁਲਜੀਤ ਸਿੰਘ ਵਾਲੀਆ, ਪ੍ਰਿਤਪਾਲ ਸਿੰਘ ਕੋਹਲੀ, ਕੇ.ਪੀ.ਸਿੰਘ ਸਰਾਂ, ਡਾ.ਬਲਜੀਤ ਸ਼ਰਮਾ ਗੋਲੇਵਾਲਾ, ਕੇਵਲ ਕ੍ਰਿਸ਼ਨ ਕਟਾਰੀਆ, ਗਰੀਸ਼ ਸੁਖੀਜਾ, ਯੁਗੇਸ਼ ਗਰਗ, ਰਾਜਨ ਨਾਰਾਪਾਲ, ਪਰਵਿੰਦਰ ਸਿੰਘ, ਚਿਰਾਗ ਅਗਰਵਾਲ, ਗਗਨਦੀਪ ਸਿੰਗਲਾ, ਸੁਖਵੰਤ ਸਿੰਘ ਅਤੇ ਗੁਰੂ ਗੋਬਿੰਦ ਸਿੰਘ ਸਰਕਾਰੀ ਮੈਡੀਕਲ ਹਸਪਤਾਲ ਫ਼ਰੀਦਕੋਟ ਦਾ ਸਟਾਫ਼ ਹਾਜ਼ਰ ਸੀ।

ਵਿਸ਼ਵ ਪੰਜਾਬੀ ਸਾਹਿਤ ਅਕਾਦਮੀ ਕੈਲੀਫੋਰਨੀਆ ਦੀ ਸਿਲਵਰ ਜੁਬਲੀ ਸਾਹਿਤਕ ਕਾਨਫਰੰਸ 3, 4, 5 ਅਕਤੂਬਰ ਨੂੰ ਹੇਵਰਡ ਵਿਚ ਹੋਵੇਗੀ

ਗੀਤ ਸੰਗੀਤ, ਨਾਟਕ, ਕਵੀ ਦਰਬਾਰ ਤੋਂ ਇਲਾਵਾ ਪੰਜਾਬੀ ਭਾਸ਼ਾ ਤੇ ਸਾਹਿਤ ਉੱਪਰ ਹੋਵੇਗੀ ਵਿਚਾਰ ਚਰਚਾ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਸਰੀ, 15 ਸਤੰਬਰ : ਅਮਰੀਕਾ ਵਿਚ ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਖੇਤਰ ਵਿਚ ਸਰਗਰਮ ਸੰਸਥਾ 'ਵਿਸ਼ਵ ਪੰਜਾਬੀ ਸਾਹਿਤ ਅਕਾਦਮੀ ਕੈਲੀਫੋਰਨੀਆ (ਵਿਪਸਾਅ)' ਵੱਲੋਂ ਆਪਣੀ 25 ਸਾਲਾ ਸਿਲਵਰ ਜੁਬਲੀ ਮਨਾਉਣ ਲਈ ਤਿੰਨ ਰੋਜ਼ਾ ਸਾਲਾਨਾ ਪੰਜਾਬੀ ਸਾਹਿਤਕ ਕਾਨਫਰੰਸ 3, 4, 5 ਅਕਤੂਬਰ 2025 ਨੂੰ ਹੇਵਰਡ (ਕੈਲੀਫੋਰਨੀਆ) ਵਿਖੇ ਕਰਵਾਈ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਅਕਾਦਮੀ ਦੇ ਪ੍ਰਧਾਨ ਕੁਲਵਿੰਦਰ ਅਤੇ ਸਕੱਤਰ ਜਗਜੀਤ ਨੌਸ਼ਹਿਰਵੀ ਨੇ ਦੱਸਿਆ ਹੈ ਕਿ ਇਸ ਕਾਨਫਰੰਸ ਵਿਚ ਭਾਰਤ, ਪਾਕਿਸਤਾਨ, ਇੰਗਲੈਂਡ, ਜਾਪਾਨ, ਕੈਨੇਡਾ ਅਤੇ ਅਮਰੀਕਾ ਤੋਂ ਵੱਡੀ ਗਿਣਤੀ ਵਿਚ ਲੇਖਕ, ਸ਼ਾਇਰ ਅਤੇ ਚਿੰਤਕ ਸ਼ਾਮਲ ਹੋ ਰਹੇ ਹਨ।

ਕਾਨਫਰੰਸ ਦਾ ਆਗਾਜ਼ 3 ਅਕਤੂਬਰ ਨੂੰ ਸ਼ਾਮ 5 ਵਜੇ ਸੰਗੀਤਕ ਮਹਿਫਿਲ ਨਾਲ ਹੋਵੇਗਾ ਜਿਸ ਵਿਚ ਪ੍ਰਸਿੱਧ ਗ਼ਜ਼ਲ ਗਾਇਕ ਸੁਖਦੇਵ ਸਾਹਿਲ, ਅਲੀ ਇਮਰਾਨ ਸ਼ੌਕਤ ਅਤੇ ਪਰਮਿੰਦਰ ਗੁਰੀ ਗ਼ਜ਼ਲਾਂ, ਗੀਤਾਂ ਨੂੰ ਆਪਣੇ ਸੁਰੀਲੇ ਸੁਰ ਪ੍ਰਦਾਨ ਕਰਨਗੇ। 4 ਅਤੇ 5 ਅਕਤੂਬਰ ਨੂੰ ਸਾਹਿਤਕ ਸੈਸ਼ਨਾਂ ਦੌਰਾਨ ਵਿਦਵਾਨ ਅਤੇ ਚਿੰਤਕ ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਵੱਖ ਵੱਖ ਪੱਖਾਂ, ਆਰਟੀਫੀਸ਼ਲ ਇੰਟੈਲੀਜੈਂਸੀ ਦੇ ਪੰਜਾਬੀ ਭਾਸ਼ਾ ਤੇ ਸਾਹਿਤ ਉੱਪਰ ਪੈਣ ਵਾਲੇ ਪ੍ਰਭਾਵ ਬਾਰੇ ਗੰਭੀਰ ਵਿਚਾਰ ਚਰਚਾ ਕਰਨਗੇ, 'ਲਿਖਤ ਦਾ ਸਫ਼ਰ-ਲੇਖਕ, ਪਾਠਕ ਤੇ ਸੰਪਾਦਨਾ' ਬਾਰੇ ਵਿਸ਼ੇਸ਼ ਸੰਵਾਦ ਰਚਾਇਆ ਜਾਵੇਗਾ ਅਤੇ ਕਵੀ ਦਰਬਾਰ ਵੇਵੇਗਾ ਜਿਸ ਵਿਚ ਦੇਸ਼ ਵਿਦੇਸ਼ ਤੋਂ ਆਏ ਕਵੀ ਆਪਣੀ ਸ਼ਾਇਰੀ ਪੇਸ਼ ਕਰਨਗੇ। 4 ਅਕਤੂਬਰ ਨੂੰ ਪੰਜਾਬ ਲੋਕ ਰੰਗਮੰਚ ਵੱਲੋਂ ਸੁਰਿੰਦਰ ਸਿੰਘ ਧਨੋਆ ਦਾ ਲਿਖਿਆ ਨਾਟਕ 'ਜ਼ਫ਼ਰਨਾਮਾ – ਕਲਮ ਦੀ ਤਲਵਾਰ ਉੱਪਰ ਜਿੱਤ' ਖੇਡਿਆ ਜਾਵੇਗਾ।

ਇਸ ਕਾਨਫਰੰਸ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਨਪ੍ਰੀਤ ਸਿੰਘ ਮੰਨਾ, ਡਾ. ਵਰਿਆਮ ਸਿੰਘ ਸੰਧੂ, ਦਰਸ਼ਨ ਬੁੱਟਰ, ਜਸਵਿੰਦਰ, ਡਾ. ਜਸਵਿੰਦਰ ਸਿੰਘ, ਡਾ. ਧਨਵੰਤ ਕੌਰ, ਡਾ. ਗੁਰਪਾਲ ਸਿੰਘ ਸੰਧੂ, ਡਾ. ਲਖਵਿੰਦਰ ਜੌਹਲ, ਡਾ. ਰਾਜੇਸ਼ ਸ਼ਰਮਾ, ਡਾ. ਬਲਦੇਵ ਧਾਲੀਵਾਲ, ਬਾਬਾ ਨਜਮੀ, ਅਲੀ ਇਮਰਾਨ ਸ਼ੌਕਤ, ਬਲਦੇਵ ਗਰੇਵਾਲ, ਅਰਤਿੰਦਰ ਸੰਧੂ, ਸਤੀਸ਼ ਗੁਲਾਟੀ, ਸੁਰਜੀਤ ਟੋਰਾਂਟੋ, ਸੁਰਿੰਦਰ ਸੋਹਲ, ਪਰਮਿੰਦਰ ਸੋਢੀ, ਰਾਜਵੰਤ ਰਾਜ, ਪਿਆਰਾ ਸਿੰਘ ਕੁੱਦੋਵਾਲ, ਦਵਿੰਦਰ ਗੌਤਮ, ਪ੍ਰੀਤ ਮਨਪ੍ਰੀਤ, ਦਲਵੀਰ ਕੌਰ, ਤਾਹਿਰਾ ਸਰਾ, ਕੁਲਵਿੰਦਰ ਖਹਿਰਾ, ਭੁਪਿੰਦਰ ਦੂਲੇ, ਗੁਰਦੇਵ ਚੌਹਾਨ, ਗੁਰਮੀਤ ਪਨਾਗ ਅਤੇ ਹੋਰ ਕਈ ਸ਼ਖ਼ਸੀਅਤਾਂ ਸ਼ਾਮਲ ਹੋਣਗੀਆਂ। ਕਾਨਫਰੰਸ ਦੇ ਪ੍ਰਬੰਧਕਾਂ ਨੇ ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਨੂੰ ਇਸ ਕਾਨਫਰੰਸ ਵਿੱਚ ਸ਼ਾਮਿਲ ਹੋਣ ਦਾ ਖੁੱਲ੍ਹਾ ਸੱਦਾ ਦਿੱਤਾ ਹੈ।

ਵਾਲੀਬਾਲ ਟੂਰਨਾਮੈਂਟ 'ਚ ਜੀ.ਜੀ.ਐੱਸ. ਸਕੂਲ